15ਵੀਂ ਵਿਧਾਨ ਸਭਾ
ਤੇਰ੍ਹਵਾਂ (ਵਿਸ਼ੇਸ਼) ਸਮਾਗਮ, 2020

ਪੰਜਾਬ ਵਿਧਾਨ ਸਭਾ

ਬੁਲੇਟਿਨ ਨੰ. 2

ਮੰਗਲਵਾਰ, 20 ਅਕਤੂਬਰ, 2020
(10.00 ਵਜੇ ਸਵੇਰ ਤੋਂ 3.51 ਬਾਅਦ ਦੁਪਹਿਰ ਤੱਕ)

1. ਸਰਕਾਰੀ ਮਤਾ

ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਦੁਆਰਾ ਨਿਮਨਲਿਖਤ ਮਤਾ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪਰਵਾਨ ਹੋਇਆ:-

"ਰਾਜ ਦੀ ਵਿਧਾਨ ਸਭਾ ਭਾਰਤ ਸਰਕਾਰ ਵਲੋਂ ਹੁਣੇ ਜਿਹੇ ਘੜੇ ਕਥਿਤ ਖੇਤੀ ਕਾਨੂੰਨਾਂ ਬਾਰੇ ਕਿਸਾਨਾਂ ਦੀਆਂ ਚਿੰਤਾਵਾਂ ਦੇ ਹੱਲ ਨੂੰ ਲੈ ਕੇ ਅਪਣਾਏ ਕਠੋਰ ਤੇ ਬੇਤਰਕ ਵਤੀਰੇ ਪ੍ਰਤੀ ਡੂੰਘਾ ਖੇਦ ਪ੍ਰਗਟ ਕਰਦੀ ਹੈ। ਵਿਧਾਨ ਸਭਾ ਨੇ ਮਿਤੀ 28 ਅਗਸਤ, 2020 ਨੂੰ ਇਕ ਮਤੇ ਰਾਹੀਂ ਭਾਰਤ ਸਰਕਾਰ ਨੂੰ ਜੋਰ ਦੇ ਕੇ ਕਿਹਾ ਸੀ ਕਿ ਉਹ ਨਿਮਨ ਲਿਖਤ ਆਰਡੀਨੈਂਸਾਂ ਅਤੇ ਪ੍ਰਸਤਾਵਿਤ ਬਿਜਲੀ (ਸੋਧ) ਬਿਲ 2020 ਨੂੰ ਮੁੜ ਵਿਚਾਰ ਕੇ ਤੁਰੰਤ ਵਾਪਿਸ ਲਵੇ:-

- The Farmers' Produce Trade and Commerce (Promotion and Facilitation) Ordinance, 2020;
- The Farmers (Empowerment and Protection) Agreement on Price Assurance and Farm Services Ordinance, 2020; and
- The Essential Commodities (Amendment) Ordinance, 2020.

ਭਾਵੇਂ ਕਿ ਪੰਜਾਬ ਵਿਧਾਨ ਸਭਾ ਦੇ ਇਸ ਸਦਨ ਦੀਆਂ ਚਿੰਤਾਵਾਂ ਅਤੇ ਜਜ਼ਬਾਤਾਂ ਤੋਂ ਭਾਰਤ ਦੇ ਪ੍ਰਧਾਨ ਮੰਤਰੀ ਜੀ ਨੂੰ ਮੁੱਖ ਮੰਤਰੀ ਪੰਜਾਬ ਵੱਲੋਂ ਉਹਨਾਂ ਦੇ ਪੱਤਰ ਨੰ. ਸੀ.ਐਮ.ਓ./ਕਾਨਫੀ/2020/635 ਮਿਤੀ 14 ਸਤੰਬਰ 2020 ਰਾਹੀਂ ਜਾਣੂੰ ਕਰਵਾਇਆ ਗਿਆ ਸੀ, ਫਿਰ ਵੀ ਭਾਰਤ ਸਰਕਾਰ ਨੇ ਉਪਰੋਕਤ ਆਰਡੀਨੈਂਸਾਂ ਨੂੰ ਕਾਨੂੰਨਾਂ ਵਿੱਚ ਤਬਦੀਲ ਕਰਕੇ ਹੇਠ ਅਨੁਸਾਰ ਅਧਿਸੂਚਿਤ ਕਰ ਦਿੱਤਾ:-

- The Farmers' Produce Trade and Commerce (Promotion and Facilitation) Act, 2020 (24th September, 2020);
- The Farmers (Empowerment and Protection) Agreement on Price Assurance and Farm Services Act, 2020 (24th September, 2020); and
- The Essential Commodities (Amendment) Act, 2020 (26th September, 2020).

ਪ੍ਰਸਤਾਵਿਤ ਬਿਜਲੀ (ਸੋਧ) ਬਿਲ 2020 ਸਮੇਤ ਇਹ ਤਿੰਨੇ ਕਾਨੂੰਨ ਸਾਫ ਤੌਰ ਤੇ ਕਿਸਾਨਾਂ, ਬੇਜ਼ਮੀਨੇ ਕਾਮਿਆਂ ਦੇ ਹਿੱਤਾਂ ਅਤੇ ਨਾ ਕੇਵਲ ਪੰਜਾਬ ਬਲਕਿ ਮੁੱਢਲੀ ਹਰੀ ਕ੍ਰਾਂਤੀ ਦੇ ਪੰਜਾਬ, ਹਰਿਆਣਾ ਅਤੇ ਪੱਛਮੀ ਉਤਰ ਪ੍ਰਦੇਸ਼ ਦੇ ਖਿੱਤਿਆਂ ਵਿੱਚ ਚਿਰਾਂ ਤੋਂ ਸਥਾਪਿਤ ਖੇਤੀਬਾੜੀ ਮੰਡੀਕਰਨ ਪ੍ਰਣਾਲੀ ਦੇ ਵੀ ਵਿਰੁੱਧ ਹਨ। ਪ੍ਰਤੱਖ ਤੌਰ ਤੇ ਭਾਰਤ ਸਰਕਾਰ ਨੇ ਵਪਾਰਕ ਕਾਨੂੰਨ ਘੜੇ ਹਨ ਨਾ ਕਿ ਖੇਤੀ ਨਾਲ ਸਬੰਧਤ ਕਾਨੂੰਨ। ਇਹ ਭਾਰਤ ਦੇ ਸੰਵਿਧਾਨ (Entry 14 List-II), ਜਿਸ ਅਨੁਸਾਰ ਖੇਤੀਬਾੜੀ ਰਾਜ ਦਾ ਇਕ ਵਿਸ਼ਾ ਹੈ, ਦੇ ਵੀ ਖਿਲਾਫ ਹਨ। ਇਹ ਕਾਨੂੰਨ ਦੇਸ਼ ਦੇ ਸੰਵਿਧਾਨ ਵਿੱਚ ਦਰਜ਼ ਰਾਜ ਦੇ ਕਾਰਜਾਂ ਅਤੇ ਸ਼ਕਤੀਆਂ ਤੇ ਇਕ ਸਿੱਧਾ ਹਮਲਾ ਹਨ ਅਤੇ ਉਹਨਾਂ ਨੂੰ ਛਲਾਵੇ ਨਾਲ ਹਥਿਆਉਣ ਦਾ ਯਤਨ ਹੈ।

ਉਪਰੋਕਤ ਪਿਛੋਕੜ ਵਿੱਚ ਵਿਧਾਨ ਸਭਾ ਇਹਨਾਂ ਕਾਨੂੰਨਾਂ ਅਤੇ ਪ੍ਰਸਤਾਵਿਤ ਬਿਜਲੀ (ਸੋਧ) ਬਿੱਲ, 2020 ਨੂੰ ਸਰਬ-ਸੰਮਤੀ ਨਾਲ ਖਾਰਜ ਕਰਨ ਲਈ ਮਜ਼ਬੂਰ ਹੈ। ਇਹ ਸਦਨ ਇਕ ਵਾਰ ਫਿਰ ਭਾਰਤ ਸਰਕਾਰ ਨੂੰ ਜ਼ੋਰ ਦਿੰਦਾ ਹੈ ਕਿ ਉਹ ਨਾ ਕੇਵਲ ਇਹਨਾਂ ਕਾਨੂੰਨਾਂ ਨੂੰ ਰੱਦ ਕਰੇ ਬਲਕਿ ਅਨਾਜ

ਦੀ ਘੱਟੋ-ਘੱਟ ਸਮਰੱਥਨ ਮੁੱਲ ਤੇ ਖਰੀਦ ਨੂੰ ਕਿਸਾਨਾਂ ਦਾ ਕਾਨੂੰਨੀ ਅਧਿਕਾਰ ਬਣਾਉਣ ਅਤੇ ਭਾਰਤੀ ਖਾਦ ਨਿਗਮ ਅਤੇ ਅਜਿਹੇ ਹੋਰ ਅਦਾਰਿਆਂ ਰਾਹੀਂ ਖਰੀਦ ਜਾਰੀ ਰੱਖਣ ਲਈ ਨਵੇਂ ਆਰਡੀਨੈਂਸ ਜਾਰੀ ਕਰੇ।"

2. ਵਿਧਾਨਕ ਕੰਮ-ਕਾਰ

1. **The Farmers' Produce Trade and Commerce (Promotion and facilitation) (Special Provisions and Punjab Amendment), Bill 2020**

ਮੁੱਖ ਮੰਤਰੀ ਨੇ "The Farmers' Produce Trade and Commerce (Promotion and facilitation) (Special Provisions and Punjab Amendment), Bill 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ਾਂ 2 ਤੋਂ 11 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " The Farmers' Produce Trade and Commerce (Promotion and facilitation) (Special Provisions and Punjab Amendment), Bill 2020 ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

2. **The Farmers (Empowerment and Protection) Agreement on Price Assurance and Farm Services (Special Provisions and Punjab Amendment), Bill 2020.**

ਮੁੱਖ ਮੰਤਰੀ ਨੇ "The Farmers (Empowerment and Protection) Agreement on Price Assurance and Farm Services (Special Provisions and Punjab Amendment), Bill 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ਾਂ 2 ਤੋਂ 11 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " The Farmers (Empowerment and Protection) Agreement on Price Assurance and Farm Services (Special Provisions and Punjab Amendment), Bill 2020 ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

3. **The Essential Commodities (Special Provisions and Punjab Amendment), Bill 2020**

ਮੁੱਖ ਮੰਤਰੀ ਨੇ " The Essential Commodities (Special Provisions and Punjab Amendment), Bill 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ਾਂ 2 ਤੋਂ ੪ ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " The Essential Commodities (Special Provisions and Punjab Amendment), Bill 2020", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਮੁੱਖ ਮੰਤਰੀ ਸਰਕਾਰੀ ਮਤਾ ਅਤੇ ਉਪਰੋਕਤ ਬਿਲ ਪੇਸ਼ ਕਰਦੇ ਸਮੇਂ 27 ਮਿੰਟ ਲਈ ਬੋਲੇ।

4. **ਦੀ ਕੋਡ ਆਫ ਸਿਵਲ ਪ੍ਰੋਸੀਜ਼ਰ (ਪੰਜਾਬ ਸੋਧਨਾ) ਬਿਲ, 2020**

ਵਿੱਤ ਮੰਤਰੀ ਨੇ "ਦੀ ਕੋਡ ਆਫ ਸਿਵਲ ਪ੍ਰੋਸੀਜ਼ਰ (ਪੰਜਾਬ ਸੋਧਨਾ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਦੀ ਕੋਡ ਆਫ ਸਿਵਲ ਪ੍ਰੋਸੀਜ਼ਰ (ਪੰਜਾਬ ਸੋਧਨਾ) ਬਿਲ, 2020 ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਸਰਕਾਰੀ ਮਤੇ ਅਤੇ ਉਪਰੋਕਤ ਚਾਰ ਬਿਲਾਂ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਦੇ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਨਵਜੋਤ ਸਿੰਘ ਸਿੱਧੂ, ਇੰਡੀਅਨ ਨੈਸ਼ਨਲ ਕਾਂਗਰਸ | 13 ਮਿੰਟ |
| 2. | ਸਰਦਾਰ ਕੁਲਜੀਤ ਸਿੰਘ ਨਾਗਰਾ, ਸਲਾਹਕਾਰ/ਮੁੱਖ ਮੰਤਰੀ | 20 ਮਿੰਟ |
| 3. | ਸਰਦਾਰ ਸ਼ਰਨਜੀਤ ਸਿੰਘ ਢਿਲੋਂ, ਸ਼੍ਰੋਮਣੀ ਅਕਾਲੀ ਦਲ | 10 ਮਿੰਟ |
| 4. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 09 ਮਿੰਟ |
| 5. | ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਇੰਡੀਅਨ ਨੈਸ਼ਨਲ ਕਾਂਗਰਸ | 10 ਮਿੰਟ |
| 6. | ਸ਼੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 08 ਮਿੰਟ |
| 7. | ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ | 14 ਮਿੰਟ |
| 8. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 05 ਮਿੰਟ |
| 9. | ਸ਼੍ਰੀ ਗੁਰਮੀਤ ਸਿੰਘ ਮੀਤ ਹੇਹਰ, ਆਮ ਆਦਮੀ ਪਾਰਟੀ | 06 ਮਿੰਟ |
| 10. | ਸਰਦਾਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਇੰਡੀਅਨ ਨੈਸ਼ਨਲ ਕਾਂਗਰਸ | 08 ਮਿੰਟ |
| 11. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 15 ਮਿੰਟ |
| 12. | ਸਰਦਾਰ ਸੁਖਪਾਲ ਸਿੰਘ ਖਹਿਰਾ, ਆਮ ਆਦਮੀ ਪਾਰਟੀ | 09 ਮਿੰਟ |
| 13. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ ਪਾਰਟੀ | 09 ਮਿੰਟ |
| 14. | ਸਰਦਾਰ ਪਰਗਟ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 11 ਮਿੰਟ |
| 15. | ਪ੍ਰੋਫੈਸਰ ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 06 ਮਿੰਟ |
| 16. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 07 ਮਿੰਟ |
| 17. | ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਸਲਾਹਕਾਰ/ਮੁੱਖ ਮੰਤਰੀ | 37 ਮਿੰਟ |
| 18. | ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਸਹਿਕਾਰਤਾ, ਜੇਲ੍ਹਾਂ ਮੰਤਰੀ | 23 ਮਿੰਟ |
| 19. | ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ | 05 ਮਿੰਟ |
| 20. | ਸ਼੍ਰੀ ਜੈ ਕ੍ਰਿਸ਼ਨ ਸਿੰਘ, ਆਮ ਆਦਮੀ ਪਾਰਟੀ | 05 ਮਿੰਟ |
| 21. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 08 ਮਿੰਟ |
| 22. | ਸਰਦਾਰ ਮਨਜੀਤ ਸਿੰਘ ਬਿਲਾਸਪੁਰ, ਆਮ ਆਦਮੀ ਪਾਰਟੀ | 07 ਮਿੰਟ |
| 23. | ਸ਼੍ਰੀਮਤੀ ਰੁਪਿੰਦਰ ਕੌਰ ਰੂਬੀ, ਆਮ ਆਦਮੀ ਪਾਰਟੀ | 04 ਮਿੰਟ |
| 24. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 11 ਮਿੰਟ |
| 25. | ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਤੇ ਯੋਜਨਾ ਮੰਤਰੀ | 19 ਮਿੰਟ |

ਕੈਪਟਨ ਅਮਰਿੰਦਰ ਸਿੰਘ, ਮਾਨਯੋਗ ਮੁੱਖ ਮੰਤਰੀ ਮਤੇ ਅਤੇ ਬਿਲਾਂ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 05 ਮਿੰਟ ਲਈ ਬੋਲੇ।

3. ਮਾਨਯੋਗ ਸਪੀਕਰ ਦੁਆਰਾ ਰੂਲਿੰਗ

ਮਾਨਯੋਗ ਸਪੀਕਰ ਵੱਲੋਂ ਹੇਠ ਲਿਖੇ ਅਨੁਸਾਰ ਰੂਲਿੰਗ ਦਿੱਤੀ ਗਈ-

"ਆਪ ਸਭ ਜਾਣਦੇ ਹੋ ਕੇ ਕਰੋਨਾ ਮਹਾਮਾਰੀ ਕਾਰਨ ਪੈਦਾ ਹੋਏ ਵਿਸ਼ੇਸ਼ ਹਾਲਾਤ ਕਾਰਨ ਕਿਸਾਨਾਂ ਦੇ ਮਸਲਿਆਂ ਦੇ ਹੱਲ ਲਈ ਇਹ ਸੈਸ਼ਨ ਬੁਲਾਇਆ ਗਿਆ ਹੈ। ਇਸ ਲਈ ਸਾਰੇ ਮਾਨਯੋਗ ਮੈਂਬਰ ਸਾਹਿਬਾਨ ਨੂੰ ਬੇਨਤੀ ਹੈ ਕਿ ਕੋਵਿਡ-19 ਮਹਾਂਮਾਰੀ ਸਬੰਧੀ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਸਾਰੇ ਪ੍ਰੋਟੋਕੋਲਜ਼ ਫਾਲੋਅ ਕਰਨ ਦੀ ਕ੍ਰਿਪਾਲਤਾ ਕਰਨ। ਆਪਣਾ ਮਾਸਕ ਪਾ ਕੇ ਰੱਖਣ ਅਤੇ ਇੱਕ ਦੂਜੇ ਨਾਲ ਫਾਸਲਾ ਬਣਾ ਕੇ ਰੱਖਣ ਦੀ ਖੇਚਲ ਕਰਨ। ਕੇਵਲ ਆਪਣੀਆਂ ਸੀਟਾਂ ਤੇ ਹੀ ਬੈਠਣ। ਇੱਕ ਦੂਜੇ ਦੀ ਸੀਟ ਤੇ ਬੈਠਣ ਤੋਂ ਗੁਰੇਜ਼ ਕਰਨ। "

4. ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ

ਮਾਨਯੋਗ ਸਪੀਕਰ ਵੱਲੋਂ ਸਰਦਾਰ ਅਮਰ ਸਿੰਘ, ਮਾਨਯੋਗ ਮੈਂਬਰ, ਲੋਕ ਸਭਾ, ਸਰਦਾਰ ਸੁਖਦੇਵ ਸਿੰਘ ਢੀਂਡਸਾ, ਮਾਨਯੋਗ ਮੈਂਬਰ, ਰਾਜ ਸਭਾ, ਸ਼੍ਰੀ ਮੁਹੰਮਦ ਸਦੀਕ, ਮਾਨਯੋਗ ਮੈਂਬਰ, ਲੋਕ ਸਭਾ ਅਤੇ ਸਰਦਾਰ ਗੁਰਜੀਤ ਸਿੰਘ ਔਜਲਾ, ਮਾਨਯੋਗ ਮੈਂਬਰ, ਲੋਕ ਸਭਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

5. ਮੇਜ਼ ਉੱਤੇ ਰੱਖਿਆ ਜਾਣ ਵਾਲਾ ਕਾਗਜ਼-ਪੱਤਰ

ਸੰਸਦੀ ਮਾਮਲੇ ਮੰਤਰੀ ਵਲੋਂ ਦੀ ਫੈਕਟਰੀਜ਼ (ਪੰਜਾਬ ਸੋਧਨਾ) ਆਰਡੀਨੈਂਸ, 2020 (2020 ਦਾ ਪੰਜਾਬ ਆਰਡੀਨੈਂਸ ਨੰ: 3) ਸਦਨ ਦੀ ਮੇਜ਼ ਤੇ ਰੱਖੇ ਗਏ, ਜਿਵੇਂ ਕਿ ਭਾਰਤ ਦੇ ਸੰਵਿਧਾਨ ਦੇ ਅਨੁਛੇਦ 213(2)(ੳ) ਅਧੀਨ ਲੋੜੀਂਦਾ ਹੈ।

6. ਸਦਨ ਦਾ ਸਮਾਂ ਵਧਾਉਣਾ

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਜਸੂਚੀ ਵਿੱਚ ਦਰਜ ਕ੍ਰਮ ਨੰ: 1 ਤੋਂ 4 ਤੱਕ ਦਰਸਾਏ ਬਿਜ਼ਨਸ ਦੇ ਖਤਮ ਹੋਣ ਤੱਕ ਵਧਾਇਆ ਗਿਆ।

7. ਸਦਨ ਦੀ ਕਾਰਵਾਈ ਇੱਕ ਦਿਨ ਲਈ ਵਧਾਉਣ ਸਬੰਧੀ

ਸਦਨ ਨੇ ਕਾਰਜ ਸੂਚੀ ਤੇ ਕ੍ਰਮ ਨੰ: 5 ਤੇ ਦਰਜ ਵਿਧਾਨਿਕ ਕੰਮ-ਕਾਰ ਨਿਪਟਾਉਣ ਲਈ ਸਦਨ ਦੀ ਕਾਰਵਾਈ ਇੱਕ ਦਿਨ ਵਧਾਉਣ ਅਤੇ ਕਾਰਜ ਸੂਚੀ ਤੇ ਕ੍ਰਮ ਨੰ: 3 ਤੇ ਦਰਜ ਆਈਟਮ ਨਿਯਮ 16 ਅਧੀਨ ਪ੍ਰਸਤਾਵ ਨੂੰ ਵਿਦਡਰਾਅ ਕਰਨ ਸਬੰਧੀ ਪ੍ਰਸਤਾਵ ਤੇ ਸਰਬਸੰਮਤੀ ਨਾਲ ਸਹਿਮਤੀ ਪ੍ਰਗਟ ਕੀਤੀ।

ਮਾਨਯੋਗ ਡਿਪਟੀ ਸਪੀਕਰ ਨੇ 1.22 ਵਜੇ ਬਾਅਦ ਦੁਪਹਿਰ ਤੋਂ 1.52 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਬੁੱਧਵਾਰ ਮਿਤੀ 21.10.2020 ਦੇ 11.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

ਚੰਡੀਗੜ੍ਹ:
20 ਅਕਤੂਬਰ, 2020